## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 6/185-2006 ਅ 2(1) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 07.01.2016

ਸ੍ਰੀ ਰਾਓ ਵਰਿੰਦਰ ਸਿੰਘ, ਸਾਇੰਸ ਮਾਸਟਰ, ਸਹਸ ਤਿਹਾੜਾ, ਜ਼ਿਲ੍ਹਾ ਲੁਧਿਆਣਾ ਜੋ ਮਿਤੀ 14-05-2005 ਤੋਂ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜ਼ਰ ਚੱਲਿਆ ਆ ਰਿਹਾ ਹੈ ਨੂੰ ਇਸ ਵਿਭਾਗ ਦੇ ਹੁਕਮ ਨੰ: 6/185-2006 ਅ 2(1) ਮਿਤੀ 20.12.06/29.12.06 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ੍ਰੀ ਰਾਓ ਵਰਿੰਦਰ ਸਿੰਘ, ਸਾਇੰਸ ਮਾਸਟਰ, ਸਹਸ ਤਿਹਾੜਾ, ਜ਼ਿਲ੍ਹਾ ਲੁਧਿਆਣਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਵਿਭਾਗ ਦੇ ਹੁਕਮ ਨੰ: 6/185-2006 ਅ 2(1) ਮਿਤੀ 23.04.13/06.05.13 ਰਾਂਹੀ ਸ੍ਰੀ ਗੁਰਜੋਤ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ 14-05-2005 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜ਼ਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀ ਰਾਓ ਵਰਿੰਦਰ ਸਿੰਘ, ਸਾਇੰਸ ਮਾਸਟਰ, ਸਹਸ ਤਿਹਾੜਾ, ਜ਼ਿਲ੍ਹਾ ਲੁਧਿਆਣਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜ਼ਰ ਰਹਿਣ ਕਾਰਨ ਮਿਤੀ 31.08.14 ਨੂੰ "ਡੇਲੀ ਅੱਜ ਦੀ ਅਵਾਜ (ਪੰਜਾਬੀ)" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 10 ਤੇ ਕਰਮਚਾਰੀ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀ ਰਾਓ ਵਰਿੰਦਰ ਸਿੰਘ, ਸਾਇੰਸ ਮਾਸਟਰ, ਸਹਸ ਤਿਹਾੜਾ, ਜ਼ਿਲ੍ਹਾ ਲੁਧਿਆਣਾ ਦੇ ਮਿਤੀ 14-05-2005 ਤੋਂ ਹੁਣ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜ਼ਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 989-92 ਮਿਤੀ, ਐਸ.ਏ.ਐਸ.ਨਗਰ :- 2/2/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਕਰਮਚਾਰੀ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਮੁੱਖਅਧਿਆਪਕ, ਸਹਸ ਤਿਹਾੜਾ, ਜ਼ਿਲ੍ਹਾ ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ੍ਰੀ ਰਾਓ ਵਰਿੰਦਰ ਸਿੰਘ, ਸਾਇੰਸ ਮਾਸਟਰ, ਸਹਸ ਤਿਹਾੜਾ, ਜ਼ਿਲ੍ਹਾ ਲੁਧਿਆਣਾ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 6/31-2004 ਅ 2(1) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 07.01.2016

ਸ੍ਰੀ ਗੁਰਮੇਲ ਸਿੰਘ, ਡੀ.ਪੀ.ਈ., ਸਸਸਸ(ਮੁੰਡੇ) ਸਮਰਾਲਾ, ਜ਼ਿਲ੍ਹਾ ਲੁਧਿਆਣਾ ਜੋ ਮਿਤੀ 01-01-2003 ਤੋਂ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ ਨੂੰ ਇਸ ਵਿਭਾਗ ਦੇ ਹੁਕਮ ਨੰ: 6/31-2004 ਅ 2(1) ਮਿਤੀ 26.02.04 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ੍ਰੀ ਗੁਰਮੇਲ ਸਿੰਘ, ਡੀ.ਪੀ.ਈ., ਸਸਸਸ(ਮੁੰਡੇ) ਸਮਰਾਲਾ, ਜ਼ਿਲ੍ਹਾ ਲੁਧਿਆਣਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਵਿਭਾਗ ਦੇ ਹੁਕਮ ਨੰ: 6/31-2004 ਅ 2(1) ਮਿਤੀ 26.04.13/06.05.13 ਰਾਂਹੀ ਸ੍ਰੀ ਗੁਰਜੋਤ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ 01-01-2003 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀ ਗੁਰਮੇਲ ਸਿੰਘ, ਡੀ.ਪੀ.ਈ., ਸਸਸਸ(ਮੁੰਡੇ) ਸਮਰਾਲਾ, ਜ਼ਿਲ੍ਹਾ ਲੁਧਿਆਣਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 31.08.14 ਨੂੰ "ਡੇਲੀ ਅੱਜ ਦੀ ਅਵਾਜ (ਪੰਜਾਬੀ)" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 1 ਤੇ ਕਰਮਚਾਰੀ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀ ਗੁਰਮੇਲ ਸਿੰਘ, ਡੀ.ਪੀ.ਈ., ਸਸਸਸ(ਮੁੰਡੇ) ਸਮਰਾਲਾ, ਜ਼ਿਲ੍ਹਾ ਲੁਧਿਆਣਾ ਦੇ ਮਿਤੀ 01-01-2003 ਤੋਂ ਹੁਣ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 1985-88 ਮਿਤੀ, ਐਸ.ਏ.ਐਸ.ਨਗਰ :- 2/2/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਕਰਮਚਾਰੀ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ, ਸਸਸਸ(ਮੁੰਡੇ) ਸਮਰਾਲਾ, ਜ਼ਿਲ੍ਹਾ ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ੍ਰੀ ਗੁਰਮੇਲ ਸਿੰਘ, ਡੀ.ਪੀ.ਈ., ਸਸਸਸ(ਮੁੰਡੇ) ਸਮਰਾਲਾ, ਜ਼ਿਲ੍ਹਾ ਲੁਧਿਆਣਾ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ